INTERNATIONAL JOURNAL OF HISTORY

**E-ISSN:** 2706-9117
**P-ISSN:** 2706-9109
www.historyjournal.net
IJH 2021; 3(2): 17-24
Received: 13-05-2021
Accepted: 16-06-2021

**Dr. Parmjeet Kaur**
Assistant Professor,
Guru Nanak College,
Department History,
Budhlada, Punjab,
India

**Corresponding Author:**
**Dr. Parmjeet Kaur**
Assistant Professor,
Guru Nanak College,
Department History,
Budhlada, Punjab,
India

# ਗੁਰੂ ਤੇਗ ਬਹਾਦੁਰ ਜੀ : ਜੀਵਨ, ਯਾਤਰਾਵਾਂ ਤੇ ਰਚਨਾਂ

**Dr. Parmjeet Kaur**

ਗੁਰੂ ਤੇਗ ਬਹਾਦਰ ਦਾ ਜਨਮ ਮੀਰੀ ਪੀਰੀ ਦੇ ਮਾਲਕ ਛੇਵੇਂ ਗੁਰੂ ਹਰਿਗੋਬਿੰਦ ਜੀ ਦੇ ਘਰ ਮਾਤਾ ਨਾਨਕੀ ਜੀ ਦੀ ਕੁੱਖੋਂ ਸੰਨ 1621 ਈ. (ਵਿਸਾਖ ਵਦੀ 5, 1678 ਬਿ.) ਨੂੰ ਅੰਮ੍ਰਿਤਸਰ ਵਿਚ ਹੋਇਆ । ਆਪ ਆਪਣੇ ਚਾਰ ਭਰਾਵਾਂ ਬਾਬਾ ਗੁਰਦਿੱਤਾ ਜੀ, ਬਾਬਾ ਸੂਰਜ ਮੱਲ, ਬਾਬਾ ਅਣੀ ਰਾਇ ਤੇ ਬਾਬਾ ਅਟੱਲ ਰਾਇ ਜੀ ਅਤੇ ਇੱਕ ਭੈਣ ਬੀਬੀ ਵੀਰੋ ਤੋਂ ਛੋਟੇ ਸਨ।। ਬਚਪਨ ਤੋਂ ਹੀ ਆਪ ਵੈਰਾਗੀ ਰੁਚੀ ਵਾਲੇ ਗੰਭੀਰ ਧਰਮ-ਸਾਧਕ ਅਤੇ ਤਪਸਵੀ ਮਹਾਪੁਰਸ਼ ਸਨ । ਬਚਪਨ ਵਿਚ ਹੀ ਉਨ੍ਹਾਂ ਦੇ ਆਚਰਣ ਨਿਰਮਾਣ ਵਿਚ ਮਾਤਾ ਪਿਤਾ ਦਾ ਡੂੰਘਾ ਪ੍ਰਭਾਵ ਪਿਆ। ਆਪ ਦਾ ਬਚਪਨ ਦਾ ਨਾਂ 'ਤਿਆਗ ਮੱਲ' ਸੀ।

ਇਤਿਹਾਸਕਾਰ ਲਿਖਦੇ ਹਨ ਕਿ ਜਦ ਆਪ ਦਾ ਜਨਮ ਹੋਇਆ ਤਾਂ ਪਿਤਾ ਗੁਰੂ ਹਰਿਗੋਬਿੰਦ ਸਾਹਿਬ ਨੇ ਆਪ ਦੇ ਚਰਨਾਂ 'ਤੇ ਸੀਸ ਨਿਵਾਇਆ ਤੇ ਮੱਥਾ ਟੇਕਿਆ। ਭਾਈ ਬਿਧੀ ਚੰਦ ਦੇ ਪੁੱਛਣ 'ਤੇ ਆਪ ਨੇ ਦੱਸਿਆ ਕਿ ਇਹ ਬਾਲਕ ਸੱਚਾਈ ਦੇ ਰਾਹ ਤੇ ਜਬਰ-ਜ਼ੁਲਮ ਨੂੰ ਮਿਟਾਉਣ ਲਈ ਆਖ਼ਰੀ ਸਵਾਸਾਂ ਤਕ ਲੜੇਗਾ।

ਗੁਰੂ ਤੇਗ ਬਹਾਦਰ ਸਾਹਿਬ ਬਚਪਨ ਤੋਂ ਹੀ ਤੀਖਣ ਬੁੱਧੀ ਦੇ ਮਾਲਕ ਸਨ, ਦਇਆ ਦੀ ਮੂਰਤ ਸਨ। ਆਪ ਦੇ ਵੱਡੇ ਭਰਾ ਬਾਬਾ ਗੁਰਦਿੱਤਾ ਜੀ ਦਾ ਵਿਆਹ ਸੀ। ਵਿਆਹ ਸਮੇਂ ਆਪ ਨੂੰ ਸੁੰਦਰ ਪੁਸ਼ਾਕੇ ਪਹਿਨਾਏ ਗਏ। ਸਾਰੀ ਬਰਾਤ ਜਾਣ ਲਈ ਬਾਹਰ ਦਰਵਾਜ਼ੇ ਵਿਚ ਖੜ੍ਹੀ ਸੀ। ਆਪ ਵੀ ਨਾਲ ਖੜ੍ਹੇ ਸਨ। ਉੱਥੇ ਆਪ ਨੇ ਇਕ ਨੰਗਾ ਭਿਖਾਰੀ ਬੱਚਾ ਵੇਖਿਆ ਤਾਂ ਆਪਣੇ ਤਨ ਤੋਂ ਕੱਪੜੇ ਉਤਾਰ ਕੇ ਉਸ ਭਿਖਾਰੀ ਨੂੰ ਪਹਿਨਾ ਦਿੱਤੇ। ਮਾਤਾ ਜੀ ਦੇ ਪੁੱਛਣ ਤੇ ਆਪ ਨੇ ਦੱਸਿਆ ਕਿ 'ਮਾਤਾ ਜੀ ਮੈਨੂੰ ਤਾਂ ਹੋਰ ਮਿਲ ਜਾਣਗੇ, ਉਸ ਨੂੰ ਕਿਸ ਨੇ ਦੇਣੇ ਹਨ?' ਆਪ ਐਸੀ ਦਇਆ ਦੀ ਮੂਰਤ ਸਨ।

ਆਪ ਨੂੰ ਬਾਬਾ ਬੁੱਢਾ ਜੀ ਤੇ ਭਾਈ ਗੁਰਦਾਸ ਜੀ ਪਾਸੋਂ ਸਿੱਖਿਆ ਪ੍ਰਾਪਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਆਪ ਨੇ ਪੰਜਾਬੀ, ਬ੍ਰਿਜ, ਹਿੰਦੀ ਆਦਿ ਕਈ ਭਾਸ਼ਾਵਾਂ, ਗਣਿਤ, ਇਤਿਹਾਸ ਤੇ ਸੰਗੀਤ ਦੀ ਸਿੱਖਿਆ ਵਿਚ ਡੂੰਘਾ ਗਿਆਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਆਪ ਨੇ ਤਰਕ-ਸਾਸਤਰ, ਦਰਸ਼ਨ ਸ਼ਾਸਤਰ, ਭਗਵਤ ਗੀਤਾ, ਰਾਮਾਇਣ, ਮਹਾਂਭਾਰਤ, ਕੁਰਾਨ ਅਤੇ ਸੂਫ਼ੀ ਮੱਤ ਦੀਆਂ ਪੁਸਤਕਾਂ ਦਾ ਵੀ ਗਿਆਨ ਹਾਸਲ ਕੀਤਾ। ਆਪ ਨੂੰ ਘੋੜ ਸਵਾਰੀ ਤੇ ਸ਼ਸਤਰ ਚਲਾਉਣ ਵਿਚ ਨਿਪੁੰਨਤਾ ਹਾਸਲ ਸੀ। ਆਪ ਬਹੁਤ ਬਹਾਦਰ ਯੋਧੇ ਵੀ ਸਨ।

ਕਰਤਾਰਪੁਰ ਦੀ ਲੜਾਈ ਵਿਚ ਆਪ ਨੇ ਆਪਣੀ ਬਹਾਦਰੀ ਦੇ ਜੌਹਰ ਵਿਖਾਏ ਤਾਂ ਗੁਰੂ ਹਰਿਗੋਬਿੰਦ ਸਾਹਿਬ ਨੇ ਆਪ ਦਾ ਨਾਂ 'ਤਿਆਗ ਮੱਲ' ਤੋਂ 'ਤੇਗ ਬਹਾਦਰ' ਰੱਖ ਦਿੱਤਾ।

ਆਪ ਦਾ ਵਿਆਹ ਕਰਤਾਰਪੁਰ ਦੇ ਨਿਵਾਸੀ ਭਾਈ ਲਾਲ ਚੰਦ ਦੀ ਸੁਪੁੱਤਰੀ ਗੁਜਰੀ ਨਾਲ ਸੰਨ 1632 ਈ. (15 ਅਸੂ, 1689 ਬਿ.) ਵਿਚ ਹੋਇਆ । ਸੰਨ 16666 ਈ. ਵਿਚ ਉਨ੍ਹਾਂ ਦੇ ਘਰ ਸਪੁੱਤਰ ਦਾ ਜਨਮ ਹੋਇਆ ਜਿਸ ਦਾ ਨਾਂ ਗੋਬਿੰਦ ਦਾਸ ਰਖਿਆ ਗਿਆ। ਪਿਤਾ-ਗੁਰੂ ਹਰਿਗੋਬਿੰਦ ਜੀ ਦੇ ਮਹਾ-ਪ੍ਰਸਥਾਨ ਤੋਂ ਬਾਦ ਸੰਨ 1644 ਈ. ਵਿਚ ਆਪ ਆਪਣੀ ਪਤਨੀ ਅਤੇ ਮਾਤਾ ਸਹਿਤ ਬਕਾਲਾ ਪਿੰਡ ਵਿਚ ਆ ਵਸੇ ਜਿੱਥੇ ਆਪ ਨੇ ਵੀਹ ਸਾਲ ਬਤੀਤ ਕੀਤੇ। ਆਪ ਜ਼ਿਆਦਾ ਸਮਾਂ ਈਸ਼ਵਰ ਦੇ ਧਿਆਨ ਵਿੱਚ ਬਿਤਾਉਂਦੇ ਸਨ। ਆਪ ਦੇ ਨਾਂ 'ਤੇ ਹੀ ਇਹ ਸ਼ਹਿਰ 'ਬਾਬਾ ਬਕਾਲਾ'ਕਰਕੇ ਪ੍ਰਸਿੱਧ ਹੋਇਆ ।

ਆਪ ਦੇ ਪਿਤਾ ਗੁਰੂ ਹਰਿਗੋਬਿੰਦ ਜੀ ਤੋਂ ਬਾਦ ਗੁਰੂ ਹਰਿਰਾਇ ਜੀ ਅਤੇ ਗੁਰੂ ਹਰਿਕ੍ਰਿਸ਼ਨ ਜੀ ਕ੍ਰਮਵਾਰ ਸੱਤਵੇਂ ਅਤੇ ਅੱਠਵੇਂ ਗੁਰੂ ਬਣੇ । ਬਾਲ-ਕਾਲ ਵਿਚ ਜੋਤੀ -ਜੋਤਿ ਸਮਾਉਣ ਕਾਰਣ ਅੱਠਵੇਂ ਗੁਰੂ ਨੇ ਗੁਰੂ-ਗੱਦੀ ਦੇ ਉਤਰਾਧਿਕਾਰੀ ਬਾਰੇ ਕੇਵਲ 'ਬਾਬਾ ਬਕਾਲੇ' ਸ਼ਬਦ ਕਹੇ । ਇਸ ਅਸਪੱਸ਼ਟ ਸੰਕੇਤ ਕਾਰਣ ਗੱਦੀ ਦੇ ਕਈ ਦਾਵੇਦਾਰ ਖੜੇ ਹੋ ਗਏ । ਆਖ਼ਿਰ ਭਾਈ ਮੱਖਣ ਸ਼ਾਹ ਲੁਬਾਣਾ ਨੇ ਆਪਣੀ ਮੰਨਤ ਭੇਟਾ ਕਰਨ ਲਈ ਸੂਖਮ ਦ੍ਰਿਸ਼ਟੀ ਨਾਲ 22 ਅਖੌਤੀ ਗੱਦੀਆਂ ਵਿਚੋਂ ਸਚੇ ਗੁਰੂ ਨੂੰ ਲਭ ਲਿਆ । ਆਪ 20 ਮਾਰਚ 1665 ਈ. (ਚੇਤ ਸੁਦੀ 14, 1722 ਬਿ.) ਨੂੰ 43 ਵਰ੍ਹਿਆਂ ਦੀ ਉਮਰ ਵਿਚ ਗੁਰੂ-ਗੱਦੀ ਉਤੇ ਬੈਠੇ।

ਗੁਰਗੱਦੀ 'ਤੇ ਬਿਰਾਜਮਾਨ ਹੋਣ ਤੋਂ ਬਾਅਦ ਜਲਦੀ ਹੀ ਆਪ ਨੇ ਸਿੱਖ ਧਰਮ ਦੇ ਪ੍ਰਚਾਰ ਹਿੱਤ ਦੌਰੇ ਆਰੰਭੇ, ਜਿਸ ਵਿਚ ਆਪ ਬਾਬਾ ਬਕਾਲਾ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ, ਵੱਲਾ, ਘੁੱਕੇਵਾਲੀ, ਖਡੂਰ ਸਾਹਿਬ, ਗੋਇੰਦਵਾਲ, ਤਰਨਤਾਰਨ, ਖੇਮਕਰਨ, ਕੀਰਤਪੁਰ ਤੇ ਬਿਲਾਸਪੁਰ ਗਏ। ਪੰਜਾਬ ਦੀਆਂ ਯਾਤਰਾਵਾਂ ਤੋਂ ਬਾਅਦ ਆਪ ਨੇ ਪੂਰਬੀ ਭਾਰਤ ਦੀਆਂ ਯਾਤਰਾਵਾਂ ਕੀਤੀਆਂ। ਆਪ ਸੈਫ਼ਾਬਾਦ, ਧਮਧਾਨ, ਦਿੱਲੀ, ਮਥੁਰਾ, ਬ੍ਰਿੰਦਾਬਨ, ਆਗਰਾ, ਕਾਨ੍ਹਪੁਰ, ਪ੍ਰਯਾਗ, ਬਨਾਰਸ, ਸਸਰਾਮ, ਗਯਾ ਹੁੰਦੇ ਹੋਏ ਪਟਨਾ ਪਹੁੰਚੇ। ਪਰਿਵਾਰ ਨੂੰ ਪਟਨੇ ਛਡ ਕੇ ਉਥੋਂ ਪਹਿਲਾਂ ਬੰਗਾਲ ਵਲ ਗਏ ਅਤੇ ਕੁਝ ਸਮੇਂ ਲਈ ਢਾਕੇ ਵਿਚ ਵੀ ਰਹੇ । ਆਪ ਦੇ ਪਿਛੋਂ ਪਟਨਾ ਵਿਚ ਬਾਲਕ ਗੋਬਿੰਦ ਰਾਇ (ਗੁਰੂ ਗੋਬਿੰਦ ਸਿੰਘ ਜੀ) ਦਾ 22 ਦਸੰਬਰ 1666 ਈ. (ਪੋਹ ਸੁਦੀ ਸਪਤਮੀ, 1723 ਬਿ.) ਨੂੰ ਜਨਮ ਹੋਇਆ । ਆਪ ਜੋਧਪੁਰ ਦੇ ਰਾਜਾ ਰਾਮ ਸਿੰਘ ਨਾਲ ਅਸਾਮ ਦੀ ਮੁਹਿੰਮ ਉਤੇ ਚਲੇ ਗਏ ਅਤੇ ਉਥੋਂ ਦਾ ਸਾਰਾ ਮਾਮਲਾ, ਰਾਸ਼ਟਰੀ-ਹਿਤਾਂ ਨੂੰ ਮੁਖ ਰਖਦਿਆਂ, ਸ਼ਾਂਤੀ-ਪੂਰਵਕ ਹਲ ਕੀਤਾ । ਉਥੋਂ ਵਾਪਸ ਆ ਕੇ ਕੁਝ ਸਮਾਂ ਆਪ ਪਟਨਾ ਨਗਰ ਵਿਚ ਟਿਕੇ ਅਤੇ ਫਿਰ ਪਰਿਵਾਰ ਨੂੰ ਉਥੇ ਛਡ ਕੇ ਸੰਨ 1668 ਈ. ਵਿਚ ਆਨੰਦਪੁਰ ਪਰਤ ਆਏ । ਸੰਨ 1672 ਈ. ਵਿਚ ਪਟਨੇ ਤੋਂ ਆਪਣੇ ਪਰਿਵਾਰ ਨੂੰ ਵੀ ਉਥੇ ਬੁਲਵਾ ਲਿਆ । ਇਨ੍ਹਾਂ ਯਾਤਰਾਵਾਂ ਤਹਿਤ ਉਨ੍ਹਾਂ ਦੀ ਸ਼ਖ਼ਸੀਅਤ ਤੋਂ ਪ੍ਰਭਾਵਿਤ ਹੋ ਕੇ ਹਜ਼ਾਰਾਂ ਲੋਕ ਸਿੱਖ ਧਰਮ 'ਚ ਸ਼ਾਮਿਲ ਹੋ ਗਏ। ਇਸ ਤਰ੍ਹਾਂ ਉਨ੍ਹਾਂ ਨੇ ਪੰਜਾਬ ਤੋਂ ਲੈਕੇ ਬੰਗਾਲ ਤੇ ਆਸਾਮ ਤਕ ਤਕਰੀਬਨ ਸਾਰੇ ਉਤਰੀ ਭਾਰਤ ਦੀ ਯਾਤਰਾ ਕੀਤੀ। ਗੁਰੂ ਨਾਨਕ ਦੇਵ ਤੋਂ ਪਿੱਛੋਂ ਕਿਸੇ ਸਿੱਖ ਗੁਰੂ ਨੇ ਇੰਨੇ ਅਧਿਕ ਪ੍ਰਦੇਸਾਂ ਦੀ ਯਾਤਰਾ ਨਹੀਂ ਕੀਤੀ ਜਿੰਨੀ ਕਿ ਗੁਰੂ ਤੇਗ ਬਹਾਦਰ ਜੀ ਨੇ ਕੀਤੀ। ਉਨ੍ਹਾਂ ਦੀਆਂ ਯਾਤਰਾਵਾਂ ਦਾ ਉਦੇਸ਼ ਸਿੱਖ ਦਾ ਪ੍ਰਚਾਰ ਕਰਨਾ ਅਤੇ ਮਾਨਵ ਜਾਤੀ ਦਾ ਕਲਿਆਣ ਕਰਨਾ ਸੀ। ਆਪ ਜੀ ਦੀਆਂ ਯਾਤਰਾਵਾਂ ਦਾ ਸੰਖੇਪ ਵਰਨਣ ਹੇਠ ਲਿਖੇ ਅਨੁਸਾਰ ਹੈ:

## ਗੁਰਿਆਈ ਮਿਲਣ ਪਿਛੋਂ ਪੰਜਾਬ ਦੇ ਅਨੇਕ ਸਥਾਨਾਂ ਦੀਆਂ ਯਾਤਰਾਵਾਂ

ਬਕਾਲੇ ਤੋਂ ਗੁਰੂ ਜੀ ਦੋ ਵਾਰ ਕੀਰਤਪੁਰ ਗਏ। ਪਹਿਲੀ ਵਾਰ ਗੁਰਿਆਈ ਮਿਲਣ ਤੋਂ ਦਸਵੇਂ ਦਿਨ ਸੰਮਤ 1721 ਬਿ: ਭਾਦੋਂ ਸੁਦੀ 10 ਨੂੰ ਗੁਰੂ ਹਰਿਕਿਸ਼ਨ ਸਾਹਿਬ ਦ ਭਣਵਈਏ ਬਾਬਾ ਖੇਮਕਰਨ ਧੁੰਮੇ ਅਤੇ ਆਪ ਜੀ ਦੀ ਭੈਣ ਰੂਪ ਕੌਰ ਨਾਲ ਗੁਰੂ ਹਰਿਕਿਸ਼ਨ ਜੀ ਦੇ ਦੇਹਾਂਤ ਬਾਰੇ ਅਫਸੋਸ ਕਰਨ ਗਏ ਤੇ ਦੋ ਦਿਨ ਰਹੇ। ਦੂਜੀ ਵਾਰ ਮਾਤਾ ਬੱਸੀ ਜੀ ਦੇ ਅਕਾਲ ਚਲਾਣਾ ਕਰ ਜਾਣ ਉਤੇ ਗਏ ਤੇ ਤਿੰਨ ਦਿਨ ਰਹੇ।ਬੱਸੀ ਜੀ ਪਤਨੀ ਗੁਰਦਿਤਾ ਜੀ ਦਾ ਅਕਾਲ ਚਲਾਣਾ ਸੰਨ 1721 ਇ: ਕੱਤਕ ਵਦੀ 14 ਨੂੰ ਕੀਰਤਪੁਰ ਵਿਚ ਹੋਇਆ ।

ਧੀਰਮੱਲ ਨੇ ਈਰਖਾ ਤੇ ਦੁਸ਼ਮਣੀ ਵਿਖਾਈ ਤਾਂ ਗੁਰੂ ਜੀ ਬਕਾਲਾ ਛੱਡ ਅੰਮ੍ਰਿਤਸਰ ਵੱਲ ਤੁਰ ਪਏ, ਅਪਣੇ ਨਾਲ ਉਹ ਮੱਖਣ ਸ਼ਾਹ ਨੂੰ ਵੀ ਨਾਲ ਲੈ ਗਏ। ਬਕਾਲੇ ਤੋਂ ਚੱਲ ਕੇ ਸੰਮਤ 1721 ਬਿਕਰਮੀ ਪੁਨਿਆਂ ਵਾਲੇ ਦਿਨ ਅੰਮ੍ਰਿਤਸਰ ਪਹੁੰਚੇ ਅਤੇ

ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ। ਅੱਗੇ ਪੁਜਾਰੀਆਂ ਆਪਣੇ ਰੁਜ਼ਗਾਰ ਨੂੰ ਖਤਰਾ ਸਮਝਿਆ ਤੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਕਿਵਾੜ ਬੰਦ ਕਰ ਲਏ। ਆਪ ਬਾਹਰੋਂ ਹੀ ਇਸ਼ਨਾਨ ਕਰ ਵੱਲਾ ਸਾਹਿਬ ਚਲੇ ਗਏ ਤੇ ਮਸੰਦਾਂ ਪ੍ਰਤੀ ਕਿਹਾ:ਨਹਿ ਮਸੰਦ ਤੁਮ ਅੰਮ੍ਰਿਤ ਸਰੀਏ।। ਤ੍ਰਿਸ਼ਨਾ ਮਨ ਤੇ ਅੰਤਰ ਸੜੀਏ।। (ਕੁਝ ਲਿਖਾਰੀ ਇਸ ਨੂੰ "ਅੰਮ੍ਰਿਤਸਰੀਏ ਅੰਦਰ ਸੜੀਏ" ਲਿਖਦੇ ਹਨ ਜੋ ਠੀਕ ਨਹੀਂ।) ਗੁਰੂ ਸਾਹਿਬ ਅਕਾਲ ਤਖ਼ਤ ਦੇ ਨੇੜੇ ਇਕ ਰੁੱਖ ਹੇਠ ਕੁਝ ਸਮੇਂ ਲਈ ਠਹਿਰੇ। ਇਸ ਸਥਾਨ ਨੂੰ ਅੱਜਕਲ੍ਹ 'ਥੰਮ੍ਹ ਸਾਹਿਬ' ਕਿਹਾ ਜਾਂਦਾ ਹੈ।

ਗੁਰੂ ਸਾਹਿਬ ਕੁਝ ਸ਼ਰਧਾਲੂ ਸਿੱਖਾਂ ਅਤੇ ਹਰੀਅਨ ਨਾਮੀ ਇਸਤਰੀ ਦੇ ਬੁਲਾਵੇ ਤੇ ਵੱਲਾ ਨਾਮੀ ਪਿੰਡ ਗਏ । ਜਿੱਥੇ "ਮਾਈਆਂ ਰੱਬ ਰਜਾਈਆਂ" ਸ਼ਬਦ ਕਹੇ। ਵੱਲਾ ਤੋਂ ਅੱਗੇ ਗੁਰੂ ਜੀ ਤਰਨਤਾਰਨ ਹੁੰਦੇ ਹੋਏ ਗੋਇੰਦਵਾਲ ਤੇ ਅੱਗੇ ਖੇਮਕਰਨ, ਡਰੋਲੀ ਅਤੇ ਸਾਬੋ ਕੀ ਤਲਵੰਡੀ ਹੁੰਦੇ ਹੋਏ ਧਮਧਾਨ ਪਹੁੰਚੇ। ਧਮਧਾਨ ਤੋਂ ਆਪ ਕੀਰਤਪੁਰ ਸਾਹਿਬ ਆ ਗਏ। ਇਥੋਂ ਉਨ੍ਹਾਂ ਨੂੰ ਸਵਰਗਵਾਸੀ ਰਾਜਾ ਦੀਪ ਚੰਦ ਦੀ ਕਿਰਿਆ ਕਰਮ ਵਿਚ ਸ਼ਾਮਿਲ ਹੋਣ ਲਈ ਬਿਲਾਸਪੁਰ ਗਏ। ਸਵਰਗੀ ਰਾਜਾ ਦੀ ਰਾਣੀ ਚੰਪਾ ਦੇਵੀ ਨੇ ਉਨ੍ਹਾਂ ਨੂੰ ਨਵਾਂ ਪਿੰਡ ਵਸਾਉਣ ਦਿਤੀ। ਜਿਥੇ ਗੁਰੂ ਸਾਹਿਬ ਨੇ 19 ਜੂਨ, 1665 ਨੂੰ ਚੱਕ ਨਾਨਕੀ ਵਸਾਇਆ ਜੋ ਪਿਛੋਂ ਅਨੰਦਪੁਰ ਸਾਹਿਬ ਦੇ ਨਾਮ ਨਾਲ ਪ੍ਰਸਿੱਧ ਹੋਇਆ।

## ਪੂਰਬੀ ਭਾਰਤ ਦੀਆਂ ਯਾਤਰਾਵਾਂ

ਚੱਕ ਨਾਨਕੀ ਦੀ ਨੀਂਹ ਰੱਖਣ ਤੋਂ ਬਾਅਦ ਗੁਰੂ ਸਾਹਿਬ ਨੇ ਪੂਰਬੀ ਭਾਰਤ ਦੀਆਂ ਲੰਮੀਆਂ ਯਾਤਰਾਵਾਂ ਕਰਨ ਦਾ ਫ਼ੈਸਲਾ ਕੀਤਾ। ਕੁਝ ਸ਼ਰਧਾਲੂ ਸਿੱਖਾਂ ਨੂੰ ਨਾਲ ਲੈਕੇ ਅਨੰਦਪੁਰ ਸਾਹਿਬ ਤੋਂ ਰੋਪੜ, ਬਨੂੜ, ਰਾਜਪੁਰਾ ਹੁੰਦੇ ਹੋਏ ਸੈਫਾਬਾਦ ਪਹੁੰਚੇ ਤੇ ਫਿਰ ਧਮਤਾਣ ਵਿਖੇ ਗੁਰੂ ਸਾਹਿਬ ਨੂੰ ਔਰਗਜ਼ੇਬ ਦੇ ਸਿਪਾਹੀਆਂ ਨੇ ਬੰਦੀ ਬਣਾ ਕੇ ਦਿੱਲੀ ਲਿਜਾਇਆ ਗਿਆ ਜਿੱਥੇ ਇਕ ਮਹੀਨੇ ਬਾਅਦ ਰਾਜਾ ਰਾਮ ਸਿੰਘ ਦੇ ਕਹਿਣ ਤੇ ਉਨ੍ਹਾਂ ਨੂੰ ਰਿਹਾਅ ਕਰ ਦਿੱਤਾ। ਗੁਰੂ ਸਾਹਿਬ ਦਿੱਲੀ ਤੋਂ ਪੂਰਬੀ ਭਾਰਤ ਵੱਲ ਚੱਲ ਪਏ। ਆਪ ਮਥੁਰਾ, ਆਗਰਾ, ਇਟਾਵਾ, ਕਾਨਪੁਰ, ਲਖਨਊ, ਫਤਿਹਪੁਰ ਆਦਿ ਸ਼ਹਿਰਾਂ ਵਿੱਚੋਂ ਦੀ ਹੁੰਦੇ ਹੋਏ ਅਲਾਹਾਬਾਦ ਦਸੰਬਰ 1665 ਵਿੱਚ ਪਹੁੰਚ ਕੇ ਅਜੋਕੇ ਗੁ: ਪੱਕੀ ਸੰਗਤ ਵਾਲੀ ਥਾਂ ਤੇ ਦਸੰਬਰ 1665 ਤੋਂ ਮਾਰਚ 1666 ਤੱਕ ਚਾਰ ਮਹੀਨੇ ਰਹੇ। ਅਲਾਹਾਬਾਦ ਦੇ ਪਿੱਛੋਂ ਮਿਰਜ਼ਾਪੁਰ ਹੁੰਦੇ ਹੋਏ ਬਨਾਰਸ ਪਹੁੰਚੇ ਜਿੱਥੇ ਦੋ ਹਫਤੇ ਰਹੇ। ਬਨਾਰਸ ਤੋਂ ਸਾਸਾਰਾਮ ਤੇ ਬੋਧ ਗਯਾ ਹੁੰਦੇ ਹੋਏ ਮਈ 1666 ਵਿੱਚ ਪਟਨਾ ਪਹੁੰਚੇ, ਤੇ ਮੈਕਾਲਿਫ ਅਨੁਸਾਰ ਪਟਨੇ ਤਿੰਨ ਮਹੀਨੇ (ਜੂਨ ਤੋਂ ਅਗਸਤ 1666) ਰਹੇ। ਇੱਥੇ ਹੀ ਆਪ ਜੀ ਨੂੰ ਆਸਾਮ ਜਾਂਦਾ ਹੋਇਆ ਰਾਜਾ ਰਾਮ ਸਿੰਘ ਵੀ ਮਿਲਿਆ ਤੇ ਗੁਰੂ ਜੀ ਨੂੰ ਨਾਲ ਚੱਲਣ ਲਈ ਬਿਨੈ ਵੀ ਕਰ ਗਿਆ ਜਿਸ ਪਿੱਛੋਂ ਆਪ ਅਕਤੂਬਰ 1666 ਵਿੱਚ ਢਾਕੇ ਪਹੁੰਚੇ। ਜਦ ਬਾਲ ਗੋਬਿੰਦ ਦਾ ਜਨਮ (22 ਦਸੰਬਰ 1666) ਨੂੰ ਹੋਇਆ ਤਾਂ ਗੁਰੂ ਜੀ ਨੂੰ ਭਾਈ ਮਿਹਰ ਚੰਦ ਤੇ ਭਾਈ ਕਲਿਆਣ ਦਾਸ ਰਾਹੀਂ ਇਹ ਸੂਚਨਾ ਢਾਕੇ ਹੀ ਮਿਲੀ। ਪਟਨੇ ਤੋਂ ਢਾਕੇ ਆਪ ਮੁੰਘੇਰ, ਭਾਗਲਪੁਰ, ਕੋਲਗਾਂਵ, ਰਾਜ ਮਹਿਲ, ਸੰਤ ਨਗਰ, ਮਾਲਦਾ, ਰਾਜਧਾਨੀ ਤੇ ਪਬਨਾ ਆਦਿ ਹੁੰਦੇ ਹੋਏ ਪਹੁੰਚੇ। ਨਾਮ ਪਰਚਾਰ ਹਿੱਤ ਢਾਕਾ ਤੋਂ ਗੁਰੂ ਜੀ ਸਿਲਹਟ ਗਏ ਜਿੱਥੇ ਚੌਮਾਸਾ ਕੱਟਿਆ। ਇਸ ਪਿੱਛੋਂ ਆਪ ਚਿੱਟਾਗਾਉਂ ਪਹੁੰਚੇ ਜਿੱਥੇ 1667 ਦੇ ਅਖੀਰ ਤੱਕ ਠਹਿਰੇ। ਸੰਨ 1668 ਦੀ ਜਨਵਰੀ ਨੂੰ ਆਪ ਫਿਰ ਢਾਕਾ ਪਰਤੇ ਜਿਥੇ ਟਿਕ ਕੇ ਨਾਮ ਪਰਚਾਰ ਕੀਤਾ।

ਢਾਕਾ ਤੋਂ ਦਸੰਬਰ 1668 ਵਿੱਚ ਰਾਜਾ ਰਾਮ ਸਿੰਘ ਨਾਲ ਆਸਾਮ ਗਏ ਤੇ ਫਰਵਰੀ 1669 ਨੂੰ ਢੁੱਬਰੀ ਪਹੁੰਚੇ। ਮਾਰਚ 1669 ਵਿੱਚ ਅਹੋਮ ਰਾਜੇ ਚਕਰਧਵਜ ਸਿੰਘ (1663-1669 ਈ: ਤੇ ਰਾਜਾ ਰਾਮ ਸਿੰਘ ਦੀਆਂ ਸੈਨਾਵਾਂ ਵਿੱਚ ਬੜਾ ਘਮਸਾਣ ਦਾ ਯੁੱਧ ਹੋਇਆ। ਗੁਰੂ ਜੀ ਦੀ ਸਾਲਿਸੀ ਸਦਕਾ ਦੋਨੋਂ ਰਾਜਿਆਂ ਵਿੱਚ ਸੁਲਹ ਹੋਈ। ਰਾਜਾ ਚਕਰਧਵਜ ਸਿੰਘ ਦੇ ਸੱਦੇ ਤੇ ਗੁਰੂ ਜੀ ਗੋਹਾਟ੍ਰੀ ਹਜੋ ਤੇ ਤੇਜ਼ਪੁਰ ਗਏ। ਗੁਰੂ ਜੀ ਅਜੇ ਆਸਾਮ ਵਿੱਚ ਹੀ ਸਨ ਜਦ 9 ਅਪ੍ਰੈਲ,æ 1669 ਨੂੰ ਔਰੰਗਜ਼ੇਬ ਦਾ ਫੁਰਮਾਨ ਕਿ "ਗੈਰ ਮੁਸਲਮਾਨਾਂ ਦੇ ਮੰਦਰ ਪਾਠØਾਲਾ ਢਾਹ ਦਿੱਤੇ ਜਾਣ" ਜਾਰੀ ਹੋਇਆ। ਹਾਲਾਤ ਨਾਸਾਜ਼ਗਾਰ ਜਾਣਕੇ ਗੁਰੂ ਜੀ ਵਾਪਿਸ ਪਰਤੇ ਤੇ ਢਾਕੇ (ਅਪ੍ਰੈਲ 1670) ਕਲਕੱਤੇ, ਮਿਦਨਾਪੁਰ, ਬਾਲੇਸ਼ਵਰ, ਰੂਪਸਾ, ਕਟਕ, ਭੁਵਨੇਸ਼ਵਰ, ਜਗਨਨਾਥ ਪੁਰੀ, ਵਿਸ਼ਨੂੰਪੁਰ, ਬਾਂਕੁਰਾ, ਗੋਮੋਹ ਤੋਂ ਗਯਾ ਰਾਹੀਂ ਦੁਬਾਰਾ ਪਟਨਾ (ਸੰਨ 1670) ਪਹੁੰਚੇ। ਇਸ ਸਮੇਂ "ਬਾਲ ਗੋਬਿੰਦ" ਚਾਰ ਵਰ੍ਹਿਆਂ ਦੇ ਹੋ ਗਏ ਸਨ।

ਪਰਿਵਾਰ ਨੂੰ ਪੰਜਾਬ ਪਰਤਣ ਲਈ ਆਖ ਆਪ ਗੰਗਾ ਦੇ ਉੱਤਰੀ ਕੰਢੇ ਵਲੋਂ ਦੀ ਜੌਨਪੁਰ, ਅਯੁਧਿਆ, ਲਖਨਊ, ਸ਼ਾਹਜਾਨਪੁਰ, ਮੁਰਾਦਾਬਾਦ ਹੁੰਦੇ ਹੋਏ ਸੰਨ 1670 ਈ: ਦੀ 20 ਜੂਨ ਨੂੰ ਦਿੱਲੀ ਪਹੁੰਚੇ। ਜਿੱਥੇ ਆਪ ਕੜ੍ਹਾਮਾਨਕਪੁਰ, ਸਢੋਲ, ਬਾਨਿਕਪੁਰ, ਰੋਹਤਕ, ਤਰਾਵੜੀ, ਬਣੀ ਬਦਰਪੁਰ, ਮੁਨੀਰਪੁਰ, ਅਜਰਾਣਾ ਕਲਾਂ, ਰਾਇਪੁਰ ਹੋੜੀ, ਡੀਉਰ ਹੇੜੀ, ਰੋਹੜਾ, ਥਾਨ ਤੀਰਥ, ਡੱਢੀ, ਬੁੱਧਪੁਰ, ਸਿਆਣਾ ਸਯਦਾਂ, ਥਾਨੇਸਰ, ਕੁਰਖੇਤਰ, ਬਰਨਾ, ਸਰਸਵਤੀ, ਕੈਥਲ, ਪਹੋਆ, ਕਰਾ ਸਾਹਿਬ, ਚੀਕਾ, ਭਾਗਲ, ਗੂਲ੍ਹਾ, ਗੜ੍ਹੀ ਨਜ਼ੀਰ, ਸਮਾਣਾ ਆਦਿ ਹੁੰਦੇ ਹੋਏ ਸੈਫਾਬਾਦ ਰਾਹੀਂ ਵਾਪਿਸ ਅਨੰਦਪੁਰ ਮਾਰਚ 1671 ਵਿੱਚ ਪਹੁੰਚੇ ਜਿੱਥੇ ਆਪ ਆਪਣੇ ਪਰਿਵਾਰ ਦੇ ਪਹੁੰਚਣ ਦਾ ਇੰਤਜ਼ਾਰ ਕਰਦੇ ਰਹੇ ਤੇ ਇਸੇ ਸਮੇਂ ਆਪ ਅਨੰਦਪੁਰ ਸਾਹਿਬ ਵਿਚ ਨਾਮ ਪਰਚਾਰ ਸੰਸਥਾਨ ਦਾ ਸੰਗਠਨ ਕਰਨ ਵਿੱਚ ਲੱਗੇ ਰਹੇ।

## ਮਾਲਵਾ ਅਤੇ ਬਾਂਗਰ ਪ੍ਰਦੇਸ਼ ਦੀਆਂ ਯਾਤਰਾਵਾਂ

ਸੰਨ 1673 ਵਿਚ ਗੁਰੂ ਤੇਗ ਬਹਾਦੁਰ ਜੀ ਨੇ ਪੰਜਾਬ ਦੇ ਮਾਲਵਾ ਤੇ ਬਾਂਗਰ ਇਲਾਕੇ ਦੀ ਦੂਜੀ ਵਾਰ ਯਾਤਰਾ ਕੀਤੀ ਜਿਸ ਦੌਰਾਨ ਉਨ੍ਹਾਂ ਨੇ ਸੈਫਾਬਾਦ, ਧਰਮਗੜ੍ਹ, ਨਰੜੂ, ਮੋਤੀਬਾਗ ਪਟਿਆਲਾ, ਸੀਂਭੜੋਂ, ਅਗੋਲ, ਰੋਹਟਾ, ਰਾਮਗੜ੍ਹ, ਗੁਣੀਕੇ, ਦੋਦੜਾ, ਆਲੋਹਰਖ, ਭਵਾਨੀਗੜ੍ਹ, ਢੋਡੇ, ਫਗੂਵਾਲਾ, ਨਾਗਰਾ, ਕਰਹਾਲੀ, ਦਿੜ੍ਹਬਾ, ਘਨੌੜ ਜੱਟਾਂ, ਬਾਉੜ ਹਾਈ, ਰਾਜੋਮਾਜਰਾ, ਮੂਲੋਵਾਲ, ਸੇਖਾ, ਕਟੂ, ਫਰਵਾਹੀ, ਹੰਢਿਆਇਆ, ਗੁਰੂਸਰ, ਧੌਲਾ, ਜੋਗਾ ਅਲੀਸ਼ਰ, ਜੋਧੇਕੇ, ਭੰਦੇਰ, ਭੋਪਾਲੀ, ਮੌੜ ਕਲਾਂ, (40 ਦਿਨ) ਭੈਣੀ ਬਾਘੇ ਕੀ, ਘੁੰਮਣ ਸਾਬੋ ਕੇ ਮੋੜ, ਡਿੱਖ, ਕੁੱਬੇ (ਦਸ ਦਿਨ) ਟਾਹਲਾ ਸਾਹਿਬ, ਕੋਟ ਗੁਰੂ ਬਾਜਲ, ਜੱਸੀ, ਤਲਵੰਡੀ ਸਾਬੋ ਕੀ, ਮਈਸਰਖਾਨਾ, ਬਠਿੰਡਾ, ਖੀਵਾ ਕਲਾਂ, ਸਮਾਓ, ਭੀਖੀ, ਦਲੇਓ, ਕਣਕਵਾਲ ਕਲਾਂ, ਕੋਟ ਧਰਮੂ, ਸੂਲੀਸਰ, ਬਰਾ ਬਛੋਆਣਾ, ਗੋਬਿੰਦਗੜ੍ਹ, ਗੰਢੂ, ਗਾਗ ਮੂਣਕ, ਗੁਰਨੇ ਕਲ੍ਹਾਂ, ਲਲ੍ਹ ਕਲਾਂ, ਸ਼ਾਹਪੁਰ ਆਦਿ ਪਿੰਡਾਂ ਦੀਆਂ ਯਾਤਰਾਵਾਂ ਕੀਤੀਆਂ।

ਉਪਰੋਕਤ ਥਾਵਾਂ ਵਿੱਚੋਂ ਗੁਰੂ ਜੀ ਜ਼ਿਆਦਾ ਦਿਨ ਦੋ-ਤਿੰਨੀ ਥਾਈਂ ਹੀ ਰਹੇ ਜਿਨ੍ਹਾਂ ਵਿੱਚੋਂ ਗੁਰੂ ਜੀ ਸੈਫਾਬਾਦ (ਮਹੀਨਾ), ਮੋੜ ਕਲਾਂ (40 ਦਿਨ) ਤੇ ਕੁੱਬੇ (ਦਸ ਦਿਨ) ਰਹੇ ਬਾਕੀ ਥਾਵਾਂ ਤੇ ਉਹ ਦੁਪਹਿਰ ਜਾਂ ਰਾਤ ਭਰ ਹੀ ਰਹੇ। ਸੋ ਅਨੰਦਪੁਰ ਤੋਂ ਧਮਤਾਣ ਸਾਹਿਬ ਦੀ ਯਾਤਰਾ ਦਾ ਸਮਾਂ ਨਾਨਕੀ ਚੱਕ ਦੀ ਨੀਂਹ ਰੱਖਣ ਤੋਂ ਲੈ ਕੇ ਧਮਤਾਣ ਵਿੱਖੇ ਕੈਦ ਹੋਣ ਦਾ ਹੀ ਮੰਨਿਆ ਜਾ ਸਕਦਾ ਹੈ। ਜੇ ਤਹਿ ਕੀਤਾ ਪੰਧ ਵੀ ਗਿਣੀਏ ਤਾਂ ਇਹ ਇਸੇ ਦੀ ਸ਼ਾਹਦੀ ਭਰਦਾ ਹੈ।

ਬਾਦਸ਼ਾਹ ਔਰੰਗਜ਼ੇਬ ਦੀ ਧਾਰਮਿਕ ਕੱਟੜਤਾ ਦਾ ਸ਼ਿਕਾਰ ਬਣੇ ਕਸ਼ਮੀਰੀ ਪੰਡਿਤਾਂ ਦੀ ਰੱਖਿਆ ਕਰਨ ਲਈ ਕੋਈ ਵੀ ਤਿਆਰ ਨਾ ਹੋਇਆ ਤਾਂ ਉਹਨਾਂ ਨੇ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਰਨ ਲੈਣ ਦਾ ਫੈਸਲਾ ਕੀਤਾ। ਸਿੱਖ ਆਗੂ ਭਾਈ ਕਿਰਪਾ ਰਾਮ ਦੀ ਅਗਵਾਈ ਵਿਚ 16 ਕਸ਼ਮੀਰੀ ਪੰਡਿਤਾਂ ਦਾ ਇਕ ਜਥਾ 25 ਮਈ, 1675 ਨੂੰ ਗੁਰੂ ਸਾਹਿਬ ਕੋਲ ਚੱਕ ਨਾਨਕੀ ਆਇਆ। ਉਨ੍ਹਾਂ ਨੇ ਦੱਸਿਆ ਕਿ ਅਸੀਂ ਕੇਦਾਰ ਨਾਥ, ਬਦਲੀ ਨਾਥ, ਪੁਰੀ, ਦੁਆਰਕਾ, ਕਾਂਚੀ, ਮਥਰਾ ਤੇ ਹੋਰ ਹਿੰਦੂ ਕੇਂਦਰਾਂ ਤੋਂ ਆਏ ਹਾਂ ਪ੍ਰੰਤੂ ਕਿਸੇ ਨੇ ਸਾਡੀ ਬਾਂਹ ਨਹੀਂ ਫੜੀ। ਉਨ੍ਹਾਂ ਨੇ ਕਸ਼ਮੀਰ ਦੇ ਨਵੇਂ ਮੁਸਲਮਾਨ ਗਵਰਨਰ ਇਫ਼ਤਿਖ਼ਾਰ ਖ਼ਾਨ ਦੇ ਜ਼ੁਲਮਾਂ ਬਾਰੇ ਗੁਰੂ ਜੀ ਨੂੰ ਦੱਸਿਆ ਜਿਹੜਾ ਹਰ ਰੋਜ਼ ਸੈਂਕੜੇ ਬਾਹਮਣਾਂ ਨੂੰ ਜ਼ਬਰੀ ਮੁਸਲਮਾਨ ਬਣਾ ਰਿਹਾ ਸੀ। ਅਸੀਂ ਔਰੰਗਜ਼ੇਬ ਦੇ ਰਾਜਪੂਤ ਵਜ਼ੀਰਾਂ ਨੂੰ ਵੀ ਆਪਣਾ ਧਰਮ ਬਚਾਉਣ ਦੀ ਗੁਹਾਰ ਲਾਈ ਹੈ ਪਰ ਉਹਨਾਂ ਨੇ ਵੀ ਆਪਣੀ ਬੇਵਸੀ ਪ੍ਰਗਟਾਈ ਹੈ। ਸਾਡੀ ਮਦਦ ਕਰਨ ਲਈ ਕੋਈ ਵੀ ਤਿਆਰ ਨਹੀਂ। ਹੁਣ ਸਾਡੀ ਆਖਰੀ ਇਸ ਸਿਰਫ਼ ਗੁਰੂ ਨਾਨਕ ਸਾਹਿਬ ਦਾ ਦਰ ਹੀ ਹੈ। ਗੁਰੂ ਜੀ ਨੇ ਉਨ੍ਹਾਂ ਨੂੰ "ਜੋ ਸਰਣਿ ਆਵੈ ਤਿਸੁ ਕੰਠਿ ਲਾਵੈ" ਦੇ ਮਹਾਂਵਾਕ ਅਨੁਸਾਰ ਵਿਸ਼ਵਾਸ ਦਿਵਾਇਆ ਕਿ ਉਹ ਬਾਬੇ ਨਾਨਕ ਦੇ ਦਰ ਤੋਂ ਮਾਯੂਸ ਹੋ ਕੇ ਨਹੀਂ ਪਰਤਣਗੇ। ਇਸ ਤੋਂ ਬਾਅਦ ਗੁਰੂ ਜੀ ਕਿਸੇ ਡੂੰਘੀ ਸੋਚ ਵਿੱਚ ਡੁੱਬ ਗਏ ਅਤੇ ਕੁਝ ਸਮੇਂ ਬਾਅਦ ਫ਼ੁਰਮਾਉਣ ਲੱਗੇ ਕਿ ਅਜੇ ਧਰਮ ਯੁੱਧ ਦਾ ਸਮਾਂ ਨਹੀਂ ਆਇਆ। ਇਸ ਸਮੇਂ ਕਿਸੇ ਮਹਾਨ ਆਤਮਾ ਦੀ ਸ਼ਹੀਦੀ ਦੀ ਲੋੜ ਹੈ। ਸਿਰਫ਼ ਕੁਰਬਾਨੀ ਨਾਲ ਹੀ ਡੁੱਬਦੇ ਧਰਮ ਨੂੰ ਬਚਾਇਆ ਜਾ ਸਕਦਾ ਹੈ। ਆਪ ਜੀ ਦੇ ਬਚਨ ਸੁਣ ਕੇ ਪੂਰੇ ਦਰਬਾਰ ਵਿੱਚ ਸੱਨਾਟਾ ਛਾ ਗਿਆ। ਆਪ ਜੀ ਦੇ ਸਪੁੱਤਰ ਬਾਲ ਗੋਬਿੰਦ ਰਾਇ ਜੀ ਨੇ ਆਪ ਜੀ ਤੋਂ ਇਸ ਖ਼ਾਮੋਸ਼ੀ ਦਾ ਕਾਰਨ ਪੁੱਛਿਆ ਤਾਂ ਗੁਰੂ ਜੀ ਨੇ ਜਵਾਬ ਦਿੱਤਾ ਕਿ ਅਤਿਆਚਾਰ ਦੇ ਭਾਂਬੜ ਬਹੁਤ ਉੱਚੇ ਚਲੇ ਗਏ ਹਨ। ਜਿਸ ਵਿੱਚ ਇਹ ਨਿਤਾਣੇ ਬਾਲਣ ਦੀ ਥਾਂ ਝੋਕੇ ਜਾ ਰਹੇ ਹਨ। ਹੁਣ

ਕਿਸੇ ਮਹਾਂਪੁਰਖ ਦੇ ਬਲੀਦਾਨ ਦੀ ਲੋੜ ਹੈ ਜੋ ਆਪਣੇ ਪਵਿੱਤਰ ਖ਼ੂਨ ਦੇ ਛਿੱਟੇ ਮਾਰ ਕੇ ਬਲਦੇ ਹੋਏ ਭਾਂਬੜਾਂ ਨੂੰ ਸ਼ਾਂਤ ਕਰ ਸਕੇ। ਬਾਲ ਗੋਬਿੰਦ ਰਾਇ ਜੀ ਨੇ ਕਿਹਾ ਕਿ ਆਪ ਜੀ ਤੋਂ ਬਿਨਾਂ ਹੋਰ ਮਹਾਂਪੁਰਖ ਕੌਣ ਹੋ ਸਕਦਾ ਹੈ? ਆਪ ਆਪਣਾ ਬਲੀਦਾਨ ਦੇ ਕੇ ਇਨ੍ਹਾਂ ਦੇ ਡੁੱਬਦੇ ਹੋਏ ਧਰਮ ਦੀ ਰੱਖਿਆ ਕਰੋ। ਆਪਣੇ ਬਾਲ ਦੇ ਨਿੱਕੇ ਜਿਹੇ ਮੂੰਹੋਂ ਏਨੀ ਵੱਡੀ ਗੱਲ ਸੁਣ ਕੇ ਗੁਰੂ ਜੀ ਨੂੰ ਵਿਸ਼ਵਾਸ ਹੋ ਗਿਆ ਕਿ ਇਹ ਬਾਲਕ ਆਉਣ ਵਾਲੀ ਹਰ ਔਖੀ ਤੋਂ ਔਖੀ ਘੜੀ ਦਾ ਸਾਹਮਣਾ ਕਰਨ ਲਈ ਹਰ ਪੱਖੋਂ ਸਮਰੱਥ ਹੈ। ਆਪ ਜੀ ਨੇ ਹਿੰਦੂ ਧਰਮ ਦੀ ਰੱਖਿਆ ਲਈ ਕੁਰਬਾਨੀ ਦੇਣ ਦਾ ਫ਼ੈਸਲਾ ਕਰ ਲਿਆ। ਗੁਰੂ ਜੀ ਨੇ ਕਸ਼ਮੀਰੀ ਪੰਡਤਾਂ ਨੂੰ ਕਿਹਾ ਕਿ ਤੁਸੀਂ ਨਿਸ਼ਚਿੰਤ ਹੋ ਕੇ ਜਾਓ ਤੇ ਔਰੰਗਜ਼ੇਬ ਨੂੰ ਕਹਿ ਦਿਓ ਕਿ ਜਾਹ! ਪਹਿਲਾਂ ਸਾਡੇ ਗੁਰੂ ਤੇਗ ਬਹਾਦਰ ਸਾਹਿਬ ਨੂੰ ਮੁਸਲਮਾਨ ਬਣਾ ਲੈ। ਜੇ ਉਨ੍ਹਾਂ ਨੇ ਇਸਲਾਮ ਧਰਮ ਕਬੂਲ ਕਰ ਲਿਆ ਤਾਂ ਅਸੀਂ ਖ਼ੁਸ਼ੀ-ਖ਼ੁਸ਼ੀ ਮੁਸਲਮਾਨ ਬਣ ਜਾਵਾਂਗੇ।

ਸੰਨ 1675 ਈ. ਵਿੱਚ ਗੁਰੂ ਸਾਹਿਬ ਧਾਰਮਿਕ ਸੰਕਟ ਨੂੰ ਖ਼ਤਮ ਕਰਨ ਲਈ ਕੁਝ ਸਿੱਖ-ਸੇਵਕਾਂ ਨੂੰ ਨਾਲ ਲੈ ਕੇ ਦਿੱਲੀ ਵਲ ਚਲ ਪਏ । ਯਾਤ੍ਰਾ ਦੌਰਾਨ ਆਪ ਕਈ ਨਗਰਾਂ/ ਉਪਨਗਰਾਂ ਵਿਚ ਠਹਿਰੇ ਅਤੇ ਧਰਮ ਪ੍ਰਤਿ ਦ੍ਰਿੜ੍ਹਤਾ ਦਾ ਪ੍ਰਚਾਰ ਕਰਦੇ ਰਹੇ । ਦਿੱਲੀ ਪਹੁੰਚਣ ਤੋਂ ਪਹਿਲਾਂ ਆਪ ਨੂੰ ਆਗਰੇ ਵਿਚ ਬੰਦੀ ਬਣਾ ਲਿਆ ਗਿਆ । ਬਾਦਸ਼ਾਹ ਵਲੋਂ ਮੁਸਲਮਾਨ ਬਣਨ ਦੀ ਹਰ ਪ੍ਰਕਾਰ ਦੀ ਪੇਸ਼ਕਸ਼ ਨੂੰ ਆਪ ਨੇ ਠੁਕਰਾ ਦਿੱਤਾ । ਬਾਦਸ਼ਾਹ ਨੇ ਆਪ ਨੂੰ 11 ਨਵੰਬਰ 1675 ਈ. (ਮਘਰ ਸੁਦੀ 5, 1732 ਬਿ.) ਨੂੰ ਦਿੱਲੀ ਵਿਚ ਕੋਤਵਾਲੀ ਦੇ ਨੇੜੇ ਗੁਰਦੁਆਰਾ ਸੀਸਗੰਜ ਵਾਲੇ ਸਥਾਨ ਉਤੇ ਸ਼ਹੀਦ ਕਰਵਾ ਦਿੱਤਾ । ਆਪ ਦੇ ਨਾਲ ਗਏ ਸਿੱਖ-ਸੇਵਕਾਂ ਵਿਚੋਂ ਭਾਈ ਮਤੀਦਾਸ ਅਤੇ ਭਾਈ ਦਿਆਲਾ ਨੂੰ ਵੀ ਬੜੀ ਬੇਦਰਦੀ ਨਾਲ ਸ਼ਹੀਦ ਕੀਤਾ ਗਿਆ ।

> 'ਬਚਿਤ੍ਰ ਨਾਟਕ' ਅਨੁਸਾਰ:
> ਤਿਲਕ ਜੰਞੂ ਰਾਖਾ ਪ੍ਰਭ ਤਾਕਾ । ਕੀਨੋ ਬਡੋ ਕਲੂ ਮਹਿ ਸਾਕਾ ।

ਆਪ ਦੇ ਸ਼ਰੀਰ (ਕੇਵਲ ਧੜ) ਦਾ ਸਸਕਾਰ ਭਾਈ ਲੱਖੀ ਸ਼ਾਹ ਨੇ ਰਾਏਸੀਨਾ ਪਿੰਡ ਵਿਚ ਆਪਣੇ ਘਰ ਦੇ ਅੰਦਰ ਉਸ ਸਥਾਨ ਉਤੇ ਕੀਤਾ ਜਿਥੇ ਹੁਣ ਗੁਰਦੁਆਰਾ ਰਕਾਬਗੰਜ (ਨਵੀਂ ਦਿੱਲੀ) ਬਣਿਆ ਹੋਇਆ ਹੈ । ਆਪ ਦੇ ਸੀਸ ਨੂੰ ਚਾਦਰ ਵਿਚ ਲਪੇਟ ਕੇ ਭਾਈ ਜੈਤਾ ਆਨੰਦਪੁਰ ਪਹੁੰਚਿਆ ਜਿਥੇ ਬਾਲਕ ਗੋਬਿੰਦ ਰਾਇ ਨੇ ਬੜੇ ਸਤਿਕਾਰ ਨਾਲ ਉਸ ਦਾ ਸਸਕਾਰ ਕੀਤਾ । ਇਸ ਸਦ-ਉਦਮ ਕਾਰਣ ਇਤਿਹਾਸ ਵਿਚ ਭਾਈ ਜੈਤਾ ਨੂੰ 'ਗੁਰੂ ਕਾ ਬੇਟਾ 'ਅਖਵਾਉਣ ਦਾ ਸਨਮਾਨ ਪ੍ਰਾਪਤ ਹੋਇਆ । 'ਬਚਿਤ੍ਰ ਨਾਟਕ' ਵਿਚ ਆਪ ਦੇ ਮਹਾ-ਬਲਿਦਾਨ ਦੀ ਘਟਨਾ ਬਾਰੇ ਲਿਖਿਆ ਹੈ:

> ਠੀਕਰਿ ਫੋਰਿ ਦਿਲੀਸ ਸਿਰਿ ਪ੍ਰਭੁਪੁਰ ਕੀਯਾ ਪਯਾਨ ।
> ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ।

ਕੁਝ ਵਰ੍ਹਿਆਂ ਬਾਦ ਗੁਰੂ ਤੇਗ ਬਹਾਦਰ ਦੀ ਭਸਮ ਵਿਚੋਂ ਘੋਰ ਵਿਦਰੋਹ ਦੇ ਪੰਛੀ ਨੇ ਜਨਮ ਲਿਆ । ਲੋਕਾਂ ਦੀਆਂ ਅਲਸਾਈਆਂ ਸ਼ਕਤੀਆਂ ਵਿਚ ਨਵੇਂ ਖ਼ੂਨ ਦਾ ਸੰਚਾਰ ਹੋਇਆ । ਚਿਰਾਂ ਤੋਂ ਪੈਰਾਂ ਵਿਚ ਮਿਧੇ ਹੋਏ ਲੋਕਾਂ ਦੇ ਮਨ ਵਿਚ ਆਪਣੀ 'ਪਤਿ' ਦੀ ਰਖਿਆ ਲਈ ਇਕ ਨਵੀਂ ਪ੍ਰੇਰਣਾ ਪੈਦਾ ਹੋਈ । ਗੁਰੂ ਜੀ ਦਾ ਇਹ ਵਾਕ:

> 'ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨਿ'

ਵਾਯੂ- ਮੰਡਲ ਵਿਚ ਗੂੰਜਣ ਲਗਿਆ । ਕਿਸੇ ਨੂੰ ਨ ਡਰਾਉਣ ਦੀ ਗੱਲ ਨਾਲ ਗੁਰੂ ਜੀ ਨੇ ਨ ਡਰਨ ਵਾਲੀ ਭਾਵਨਾ ਜੋੜ ਕੇ ਇਕ ਅਪੂਰਣ ਉਕਤੀ ਨੂੰ ਸੰਪੂਰਣ ਕਰ ਦਿੱਤਾ । ਗੁਰੂ ਜੀ ਨੇ ਆਪਣੀ ਬਾਣੀ ਵਿਚ ਸੰਸਾਰ ਦੀ ਨਾਸ਼ਮਾਨਤਾ ਨੂੰ ਬਾਰ ਬਾਰ ਸਪੱਸ਼ਟ ਕਰਕੇ ਇਸ ਪ੍ਰਤਿ ਵੈਰਾਗ ਦੀ ਜਿਸ ਭਾਵਨਾ ਨੂੰ ਪ੍ਰਸਾਰਿਆ, ਉਸ ਪਿਛੇ ਅਨਿਆਂ ਪ੍ਰਤਿ ਅਸਵੀਕਾਰ ਦਾ ਸੰਕਲਪ ਕੰਮ ਕਰ ਰਿਹਾ ਸੀ । ਇਹ ਅਸਵੀਕਾਰ ਗੁਰੂ ਜੀ ਦੇ ਕਿਸੇ ਨਿਜੀ ਕਾਰਣ ਕਰਕੇ ਨਹੀਂ, ਸਗੋਂ ਭਾਰਤ ਵਾਸੀਆਂ ਦੀ ਸਮੁੱਚੀ ਪੀੜ ਨੂੰ ਹਰਨ ਕਰਕੇ ਸੀ ।

ਆਪ ਕੁਲ 10 ਵਰ੍ਹੇ, 7 ਮਹੀਨੇ ਅਤੇ 18 ਦਿਨ ਗੁਰੂ-ਗੱਦੀ ਉਤੇ ਬਿਰਾਜਮਾਨ ਰਹੇ । ਆਪ ਦੇ ਮਹਾ-ਪ੍ਰਸਥਾਨ ਤੋਂ ਬਾਦ ਆਪ ਦੇ ਸੁਪੁੱਤਰ ਗੋਬਿੰਦ ਰਾਇ ਜੀ ਗੁਰੂ-ਗੱਦੀ ਉਤੇ ਬੈਠੇ, ਜਿਨ੍ਹਾਂ ਨੇ ਕੌਮ ਨੂੰ ਇਕ ਨਵੀਂ ਸੇਧ ਦੇ ਕੇ ਭਾਰਤੀਅਤਾ ਦਾ ਕਲਿਆਣ ਕੀਤਾ ।

ਵਿਸ਼ਵ-ਇਤਿਹਾਸ ਵਿੱਚ ਗੁਰੂ ਜੀ ਦੀ ਕੁਰਬਾਨੀ ਵਿਲੱਖਣ ਹੈ ਅਤੇ ਵਿਸ਼ੇਸ਼ ਅਰਥਾਂ ਦੀ ਧਾਰਨੀ ਹੈ। ਵਿਲੱਖਣਤਾ ਇਸ ਗੱਲ ਵਿੱਚ ਹੈ ਕਿ ਇਹ ਕੁਰਬਾਨੀ ਆਪਣੇ ਲਈ ਨਹੀਂ, ਆਪਣੇ ਭਾਈਚਾਰੇ ਲਈ ਨਹੀਂ ਬਲਕਿ ਮਾਨਵਤਾ ਨੂੰ ਬਚਾਉਣ ਖ਼ਾਤਰ ਦਿੱਤੀ ਗਈ। ਇਸ ਤਰ੍ਹਾਂ ਇਸ ਗੌਰਵਮਈ ਸ਼ਹਾਦਤ ਨੇ ਸਿਰਫ਼ ਸਿੱਖ ਇਤਿਹਾਸ ਨੂੰ ਹੀ ਨਵਾਂ ਮੋੜ ਨਹੀਂ ਦਿੱਤਾ ਸਗੋਂ ਪੂਰੇ ਵਿਸ਼ਵ ਨੂੰ ਹੱਕ, ਸੱਚ, ਇਨਸਾਫ਼ ਅਤੇ ਧਰਮ ਲਈ ਮਰ-ਮਿਟਣ ਦਾ ਜਜ਼ਬਾ ਪ੍ਰਦਾਨ ਕੀਤਾ। ਗੁਰੂ ਜੀ ਦੀ ਸ਼ਹਾਦਤ ਨੇ ਉਸ ਸਮੇਂ ਦੇ ਮਜ਼ਲੂਮਾਂ, ਨਿਤਾਣਿਆਂ, ਨਿਓਟਿਆਂ ਅਤੇ ਨਿਮਾਣਿਆਂ ਦੇ ਹਿਰਦੇ ਵਿੱਚ ਇੱਕ ਨਵੀਂ ਰੂਹ ਫੂਕੀ। ਆਪ ਜੀ ਦੀ ਕੁਰਬਾਨੀ ਨਾ ਸਿਰਫ਼ ਸਮਕਾਲੀਨ ਸਮਾਜ ਲਈ ਬਲਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਪ੍ਰੇਰਨਾ-ਸਰੋਤ ਬਣੀ।

ਅੱਜ 21ਵੀਂ ਸਦੀ ਦੇ ਸੰਦਰਭ ਵਿੱਚ ਇਸ ਸ਼ਹਾਦਤ ਦੀ ਮਹੱਤਤਾ ਹੋਰ ਵੀ ਦ੍ਰਿੜ੍ਹ ਹੋ ਜਾਂਦੀ ਹੈ ਕਿਉਂਕਿ ਅੱਜ ਫਿਰ ਸਾਡਾ ਸਮਾਜ ਭਾਸ਼ਾ ਦੇ ਨਾਂ ’ਤੇ, ਧਰਮ ਦੇ ਨਾਂ ’ਤੇ ਅਣਗਿਣਤ ਹਿੱਸਿਆਂ ਵਿੱਚ ਵੰਡਿਆ ਹੋਇਆ ਹੈ। ਗੁਰੂ ਜੀ ਦੀ ਲਾਸਾਨੀ ਸ਼ਹਾਦਤ ਦੀ ਰੋਸ਼ਨੀ ਹੀ ਇਨ੍ਹਾਂ ਕੱਟੜਤਾ ਦੇ ਨਸ਼ੇ ਵਿੱਚ ਅੰਨ੍ਹੇ ਹੋਏ ਹਿੰਸਾਵਾਦੀਆਂ ਨੂੰ ਚਾਨਣ ਦੀ ਕਿਰਨ ਪ੍ਰਦਾਨ ਕਰ ਸਕਦੀ ਹੈ। ਅੱਜ ਦੇ ਦਿਨ ਉਸ ਮਹਾਨ ਸ਼ਹੀਦ ਨੂੰ ਸਾਡੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਮਨੁੱਖ ਦੇ ਬਣਾਏ ਧਰਮ ਤੋਂ ਉੱਪਰ ਉੱਠ ਕੇ ਸਰਬ-ਸਾਂਝੇ ਧਰਮ ਅਰਥਾਤ ਮਾਨਵਤਾ, ਅਹਿੰਸਾ, ਦਇਆ, ਅਮਨ ਅਤੇ ਅਖੰਡਤਾ ਦੇ ਰਸਤੇ ਉੱਪਰ ਕਦਮ ਧਰੀਏ।ਤੇਗ਼ ਬਹਾਦਰ ਜੀ ਦੀ ਸਾਰੀ ਬਾਣੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ਼ ਹੈ। ਉਨ੍ਹਾਂ ਦੀ ਬਾਣੀ ਸੰਨ ਗੁਰੂ ਗ੍ਰੰਥ ਸਾਹਿਬ ਵਿਚ ਗੁਰੂ ਗੋਬਿੰਦ ਸਿੰਘ ਦੁਆਰਾ 1706 ਵਿਚ ਦਮਦਮਾ ਸਾਹਿਬ(ਸਾਬੋ ਕੀ ਤਲਵੰਡੀ) ਵਿਖੇ ਚੜ੍ਹਾਈ ਗਈ। ਉਨ੍ਹਾਂ ਦੇ ਗੁਰੂ ਗ੍ਰੰਥ ਸਾਹਿਬ ਵਿਚ ਕੁੱਲ 59 ਪਦੇ(15 ਰਾਗਾਂ ਵਿਚ) ਅਤੇ 57 ਸਲੋਕ ਦਰਜ ਹਨ।

## ਬਾਣੀ ਰਚਨਾ

ਆਪ ਨੇ ਸਮੇਂ ਸਮੇਂ ਆਪਣੀਆਂ ਭਾਵਨਾਵਾਂ ਨੂੰ ਪ੍ਰਗਟ ਕਰਨ ਲਈ 15 ਰਾਗਾਂ ਵਿਚ 59 ਸ਼ਬਦਾਂ (ਚਉਪਦਿਆਂ) ਦੀ ਰਚਨਾ ਕੀਤੀ ਹੈ ਅਤੇ 57 ਸ਼ਲੋਕ ਵੀ ਲਿਖੇ ਹਨ ਜੋ ਗੁਰੂ ਗ੍ਰੰਥ ਸਾਹਿਬ ਦੇ ਅੰਤ ਉਤੇ ਸੰਕਲਿਤ ਹਨ । ਆਪ ਦੇ ਗਉੜੀ ਰਾਗ ਵਿਚ ਰਚੇ ਨੌਂ ਚਉਪਦਿਆਂ ਵਿਚੋਂ ਸੱਤ ਦੁਪਦੇ ਅਤੇ ਦੋ ਤ੍ਰਿਪਦੇ ਹਨ । ਇਨ੍ਹਾਂ ਦਾ ਮੁੱਖ ਸਵਰ ਵਾਸਨਾਵਾਂ ਦਾ ਤਿਆਗ ਅਤੇ ਸੰਸਾਰਿਕ ਪ੍ਰਪੰਚ ਪ੍ਰਤਿ ਵੈਰਾਗ ਦੀ ਭਾਵਨਾ ਵਾਲਾ ਹੈ । ਆਸਾ ਰਾਗ ਵਿਚਲੇ ਇਕ ਚਉਪਦੇ ਵਿਚ ਗੁਰੂ ਜੀ ਨੇ ਦੁਆਰ ਦੁਆਰ ਉਤੇ ਭਟਕਣ ਵਾਲੇ ਵਿਅਕਤੀ ਨੂੰ ਸੰਬੋਧਨ ਕਰਦੇ ਹੋਇਆਂ ਮਾਨਸ-ਜਨਮ ਨੂੰ ਵਿਅਰਥ ਵਿਚ ਨਸ਼ਟ ਕਰਨੋਂ ਵਰਜਿਆ ਹੈ । ਦੇਵਗੰਧਾਰੀ ਰਾਗ ਵਿਚਲੇ ਆਪ ਦੇ ਤਿੰਨੇ ਸ਼ਬਦ ਦੁਪਦੇ ਹਨ । ਇਨ੍ਹਾਂ ਵਿਚ ਆਪ ਨੇ ਉਪਦੇਸ਼ ਦਿੱਤਾ ਹੈ ਕਿ ਹਰਿ-ਨਾਮ ਦੇ ਸਿਮਰਨ ਨਾਲ ਮਨੁੱਖ ਦਾ ਅਧਿਆਤਮਿਕ ਭਵਿਖ ਸੁਧਰਦਾ ਹੈ । ਬਿਹਾਗੜਾ ਰਾਗ ਵਿਚ ਲਿਖੇ ਇਕ ਤ੍ਰਿਪਦੇ ਵਿਚ ਆਪ ਨੇ ਅਨੇਕ ਪ੍ਰਕਾਰ ਦੇ ਪਸਾਰਾਂ ਵਾਲੇ ਸੰਸਾਰ ਦੀ ਅਨੇਕਤਾ ਪਿਛੇ ਇਕੋ ਪਰਮਾਤਮਾ ਦੀ ਸ਼ਕਤੀ ਦੀ ਸੰਚਾਰ ਦਸਿਆ ਹੈ ।

ਸੋਰਠ ਰਾਗ ਵਿਚ ਆਪ ਨੇ 12 ਸ਼ਬਦਾਂ ਦੀ ਰਚਨਾ ਕੀਤੀ ਹੈ ਜਿਨ੍ਹਾਂ ਵਿਚੋਂ ਚਾਰ ਦੁਪਦੇ ਹਨ ਅਤੇ ਅੱਠ ਤ੍ਰਿਪਦੇ । ਇਨ੍ਹਾਂ ਵਿਚ ਗੁਰੂ ਜੀ ਨੇ ਮ੍ਰਿਤੂ ਦੇ ਭੈ ਅਤੇ ਮਾਇਆ ਦੀ ਤੁਛਤਾ ਨੂੰ ਸਪੱਸ਼ਟ ਕੀਤਾ ਹੈ । ਧਨਾਸਰੀ ਰਾਗ ਵਿਚ ਦਰਜ ਆਪ ਦੇ ਚਾਰੇ ਸ਼ਬਦ ਦੁਪਦੇ ਹਨ । ਉਨ੍ਹਾਂ ਵਿਚ ਆਪ ਨੇ ਬਨ ਵਿਚ ਖੋਜਣ ਦੀ ਥਾਂ’ਤੇ ਹਰਿ ਨੂੰ ਅੰਦਰ ਲਭਣ ਦੀ ਤਾਕੀਦ ਕੀਤੀ ਹੈ । ਜੈਤਸਰੀ ਰਾਗ ਵਿਚਲੇ ਆਪ ਦੇ ਤਿੰਨ ਸ਼ਬਦਾਂ ਵਿਚੋਂ ਇਕ ਤ੍ਰਿਪਦਾ ਹੈ ਅਤੇ ਦੋ ਦੁਪਦੇ । ਇਨ੍ਹਾਂ ਵਿਚ ਗੁਰੂ ਜੀ ਨੇ ਪਰਮਾਤਮਾ ਦੀ ਸ਼ਰਣ ਵਿਚ ਜਾਣ ਦੀ ਗੱਲ ਉਤੇ ਬਹੁਤ ਬਲ ਦਿੱਤਾ ਹੈ । ਟੋਡੀ ਰਾਗ ਵਿਚਲੇ ਇਕ ਦੁਪਦੇ ਵਿਚ ਗੁਰੂ ਜੀ ਨੇ ਪਰਮਾਤਮਾ ਤੋਂ ਵਿਛੁੰਨੇ ਮਨੁੱਖ ਦੀ ਅਧਮ ਅਵਸਥਾ ਦਾ ਸੁੰਦਰ ਚਿੱਤਰ ਖਿਚਿਆ ਹੈ ।

ਤਿਲਿੰਗ ਰਾਗ ਵਿਚ ਆਪ ਦੇ ਤਿੰਨ ਸ਼ਬਦ ਦਰਜ ਹਨ । ਇਨ੍ਹਾਂ ਵਿਚ ਗੁਰੂ ਜੀ ਨੇ ਮਨੁੱਖ ਨੂੰ ਸਚੇਤ ਕੀਤਾ ਹੈ ਕਿ ਉਹ ਲਾਪਰਵਾਹੀ ਦੀ ਜ਼ਿੰਦਗੀ ਨ ਜੀਵੇ ਅਤੇ ਪਰਮਾਤਮਾ ਦੇ ਨਾਮ-ਸਿਮਰਨ ਵਿਚ ਤਤਪਰ ਰਹੇ । ਬਿਲਾਵਲ ਰਾਗ ਵਿਚ ਪੌਰਾਣਿਕ ਹਵਾਲਿਆਂ ਵਾਲੇ ਆਪ ਨੇ ਦੋ ਦੁਪਦੇ ਅਤੇ ਇਕ ਤ੍ਰਿਪਦਾ ਲਿਖ ਕੇ ਪਰਮਾਤਮਾ ਦੇ ਰਖਿਅਕ ਰੂਪ ਉਤੇ ਪ੍ਰਕਾਸ਼ ਪਾਇਆ ਹੈ । ਗੁਰੂ ਜੀ ਨੇ ਰਾਮਕਲੀ ਰਾਗ ਦੇ ਤਿੰਨ ਤ੍ਰਿਪਦਿਆਂ ਵਿਚ ਉਸ ਜੁਗਤ ਨੂੰ ਪ੍ਰਾਪਤ ਕਰਨ ਦੀ ਇੱਛਾ ਪ੍ਰਗਟਾਈ ਹੈ ਜਿਸ ਨਾਲ ਪਰਮਾਤਮਾ ਦੀ ਸ਼ਰਣ ਵਿਚ ਪਹੁੰਚਿਆ ਜਾ ਸਕਦਾ ਹੈ । ਮਾਰੂ ਰਾਗ ਦੇ ਤਿੰਨ ਦੁਪਦਿਆਂ ਵਿਚ ਆਪ ਨੇ

ਸਪੱਸ਼ਟ ਕੀਤਾ ਹੈ ਕਿ ਮਨ ਅਨੁਸਾਰ ਚਲਣ ਨਾਲ ਮਨੁੱਖ ਦਾ ਜਨਮ ਵਿਅਰਥ ਜਾਂਦਾ ਹੈ। ਬਸੰਤ ਰਾਗ ਵਿਚ ਆਪ ਨੇ ਪੰਜ ਸ਼ਬਦ ਰਚੇ ਹਨ ਜਿਨ੍ਹਾਂ ਵਿਚੋਂ ਇਕ ਦੁਪਦਾ ਅਤੇ ਚਾਰ ਤ੍ਰਿਪਦੇ ਹਨ। ਇਨ੍ਹਾਂ ਵਿਚ ਸੰਸਾਰਿਕ ਪਦਾਰਥਾਂ ਅਤੇ ਰਿਸ਼ਤਿਆਂ ਨੂੰ ਨਿਰਾਧਾਰ ਦਸ ਕੇ ਹਰਿ-ਨਾਮ ਵਿਚ ਲੀਨ ਹੋਣ ਲਈ ਜਿਗਿਆਸੂ ਨੂੰ ਪ੍ਰੇਰਣਾ ਦਿੱਤੀ ਹੈ। ਸਾਰੰਗ ਰਾਗ ਵਿਚ ਚਾਰ ਦੁਪਦਿਆਂ ਵਿਚ ਗੁਰੂ ਜੀ ਨੇ ਦਸਿਆ ਹੈ ਕਿ ਪਰਮਾਤਮਾ ਤੋਂ ਬਿਨਾ ਹੋਰ ਕੋਈ ਸਚਾ ਸਹਾਇਕ ਜਾਂ ਸੰਬੰਧੀ ਨਹੀਂ ਹੈ। ਜੈਜਾਵੰਤੀ ਰਾਗ ਵਿਚ ਕੇਵਲ ਆਪ ਦੇ ਹੀ ਚਾਰ ਸ਼ਬਦ ਹਨ ਜਿਨ੍ਹਾਂ ਦਾ ਰੂਪਾਕਾਰ ਦੁਪਦਿਆਂ ਵਾਲਾ ਹੈ। ਇਨ੍ਹਾਂ ਵਿਚ ਆਪ ਨੇ ਮਾਇਆਵੀ ਰਸ-ਭੋਗਾਂ ਨੂੰ ਛਡ ਕੇ ਹਰਿ-ਨਾਮ ਵਿਚ ਲੀਨ ਹੋਣ ਲਈ ਜਿਗਿਆਸੂ ਨੂੰ ਪ੍ਰੇਰਣਾ ਦਿੱਤੀ ਹੈ।

ਗੁਰੂ ਜੀ ਨੇ 57 ਸਲੋਕਾਂ ਦੀ ਵੀ ਰਚਨਾ ਕੀਤੀ ਹੈ। ਇਹ ਸਲੋਕ ਗੁਰੂ ਗੋਬਿੰਦ ਸਿੰਘ ਜੀ ਨੇ ਗੁਰੂ ਗ੍ਰੰਥ ਸਾਹਿਬ ਦੇ ਪੁਨਰ-ਸੰਪਾਦਨ ਵੇਲੇ ਅਥਵਾ ਅੰਤਿਮ ਰੂਪ ਦੇਣ ਵੇਲੇ ਦਰਜ ਕਰਵਾਏ ਹਨ। ਇਹ ਸ਼ਲੋਕ ਕਦ ਲਿਖੇ ਗਏ ? ਇਸ ਬਾਰੇ ਵਿਦਵਾਨਾਂ ਵਿਚ ਮਤ-ਏਕਤਾ ਨਹੀਂ ਹੈ। ਸੰਪ੍ਰਦਾਈ ਵਿਦਵਾਨ ਇਨ੍ਹਾਂ ਨੂੰ ਉਸ ਵੇਲੇ ਦੀ ਰਚਨਾ ਮੰਨਦੇ ਹਨ, ਜਦੋਂ ਨੌਵੇਂ ਗੁਰੂ ਸ਼ਹਾਦਤ ਤੋਂ ਪਹਿਲਾਂ ਦਿੱਲੀ ਵਿਚ ਕੈਦ ਸਨ। ਉਨ੍ਹਾਂ ਅਨੁਸਾਰ ਇਹ ਸ਼ਲੋਕ ਉਪਦੇਸ਼ ਰੂਪ ਵਿਚ ਨੌਵੇਂ ਗੁਰੂ ਜੀ ਵਲੋਂ ਆਪਣੇ ਸੁਪੁੱਤਰ (ਗੋਬਿੰਦ ਰਾਏ ਜੀ) ਨੂੰ ਆਨੰਦਪੁਰ ਲਿਖ ਕੇ ਭੇਜੇ ਗਏ ਸਨ। ਇਸ ਦੇ ਉਲਟ ਆਧੁਨਿਕ ਵਿਦਵਾਨਾਂ ਦੀ ਸਥਾਪਨਾ ਹੈ ਕਿ ਵਖ ਵਖ ਅਵਸਰਾਂ ਉਤੇ ਉਚਾਰੇ ਗਏ ਸ਼ਲੋਕਾਂ ਨੂੰ ਹੀ 'ਸਲੋਕ ਵਾਰਾ ਤੇ ਵਧੀਕ' ਦੀ ਪਰੰਪਰਾ ਵਿਚ ਦਸਮ ਗੁਰੂ ਨੇ ਗੁਰੂ ਗ੍ਰੰਥ ਸਾਹਿਬ ਵਿਚ ਸੰਕਲਿਤ ਕਰਵਾ ਦਿੱਤਾ ਸੀ।

ਗੁਰੂ ਤੇਗ ਬਹਾਦਰ ਜੀ ਦੀ ਬਾਣੀ ਗੁਰਮਤਿ ਦੇ ਮੁੱਖ ਮੁੱਖ ਸਿੱਧਾਂਤਾਂ ਦਾ ਹੀ ਵਿਸਤਾਰ ਕਰਦੀ ਹੈ। ਵਿਸ਼ੇਸ਼ ਗੱਲ ਇਹ ਹੈ ਕਿ ਆਪ ਦੀ ਬਾਣੀ ਵਿਚ ਦੋ ਪ੍ਰਵਿੱਤੀਆਂ ਅਧਿਕ ਉਘੜੀਆਂ ਹਨ। ਇਕ ਹੈ ਵੈਰਾਗ ਦੀ ਭਾਵਨਾ ਅਤੇ ਦੂਜੀ ਹੈ ਭਗਤੀ ਦੀ ਭਾਵਨਾ। ਇਨ੍ਹਾਂ ਦੋਹਾਂ ਭਾਵਨਾਵਾਂ ਦੀਆਂ ਵਖ ਵਖ ਸਥਿਤੀਆਂ ਅਤੇ ਪ੍ਰਕ੍ਰਿਆਵਾਂ ਬਾਰੇ ਗੁਰੂ ਜੀ ਨੇ ਪ੍ਰਕਾਸ਼ ਪਾਇਆ ਹੈ।

ਇਹ ਸ਼ਬਦ ਰਾਗ-ਬੱਧ ਹਨ ਅਤੇ ਗੁਰੂ ਜੀ ਨੇ ਇਨ੍ਹਾਂ ਲਈ 15 ਰਾਗਾਂ ਦੀ ਵਰਤੋਂ ਕੀਤੀ ਹੈ। ਰਾਗਾਂ ਦੀ ਵਿਵਿਧਤਾ ਦੇ ਬਾਵਜੂਦ ਗੁਰੂ ਜੀ ਨੇ ਰਾਗਾਂ ਦੀ ਪ੍ਰਕ੍ਰਿਤੀ ਨਾਲ ਆਪਣੀਆਂ ਭਾਵਨਾਵਾਂ ਦਾ ਸੰਬੰਧ ਜੋੜੀ ਰਖਿਆ ਹੈ। ਜਿਥੋਂ ਤਕ ਰਾਗਾਂ ਦੇ ਸ਼ਾਸਤ੍ਰੀ ਨਿਯਮਾਂ ਦੀ ਪਾਲਨਾ ਦਾ ਸੰਬੰਧ ਹੈ, ਗੁਰੂ ਜੀ ਨੇ ਰਾਗ ਦੇ ਵਿਆਕਰਣ ਦੀ ਅਨੁਰੂਪਤਾ ਦੀ ਥਾਂ ਅਨੁਕੂਲ ਵਾਤਾਵਰਣ ਦੀ ਸ੍ਰਿਸ਼ਟੀ ਨੂੰ ਵਿਸ਼ੇਸ਼ ਮਹੱਤਵ ਦਿੱਤਾ ਹੈ। ਇਸ ਲਈ ਗੁਰੂ ਜੀ ਨੇ ਇਨ੍ਹਾਂ ਸ਼ਬਦਾਂ ਵਿਚ ਆਪਣੀ ਰਾਗ-ਸਿੱਧੀ ਦਾ ਪਰਿਚਯ ਦਿੱਤਾ ਹੈ। ਆਪ ਦੀ ਕਾਵਿ-ਸਾਧਨਾ ਦੀ ਸੰਵੇਦਨਸ਼ੀਲਤਾ 'ਨਿਜ' ਦੀ ਸੀਮਾ ਤੋਂ ਨਿਕਲ ਕੇ 'ਪਰ' ਦੀ ਵਿਆਪਕ ਭਾਵ-ਭੂਮੀ ਉਤੇ ਜਾ ਬਿਰਾਜੀ ਹੈ।

ਗੁਰੂ ਤੇਗ ਬਹਾਦਰ ਜੀ ਦੀ ਬਾਣੀ ਵਿਚਲੀ ਬਿੰਬਾਵਲੀ ਵਿਸ਼ੇਸ਼ ਮਹੱਤਵ ਰਖਦੀ ਹੈ, ਕਿਉਂਕਿ ਇਸ ਨਾਲ ਭਾਵ ਨੂੰ ਜਗਾਉਣ ਜਾਂ ਉਭਾਰਨ ਵਿਚ ਬਹੁਤ ਸਹਾਇਤਾ ਮਿਲੀ ਹੈ। ਇਸ ਤੋਂ ਇਲਾਵਾ ਗੁਰੂ ਜੀ ਨੇ ਆਪਣੇ ਵਿਚਾਰਾਂ ਨੂੰ ਸਰਲ ਬਣਾਉਣ ਅਤੇ ਜਿਗਿਆਸੂਆਂ ਨੂੰ ਉਨ੍ਹਾਂ ਦੇ ਲੋਕ-ਗਿਆਨ ਅਨੁਰੂਪ ਸਮਝਾਉਣ ਲਈ ਅਨੇਕ ਪ੍ਰਕਾਰ ਦੇ ਪ੍ਰਤੀਕਾਂ ਦੀ ਵਰਤੋਂ ਵੀ ਕੀਤੀ ਹੈ। ਬਾਣੀ ਵਿਚ ਅਲਿੰਕਾਰਾਂ ਦੇ ਗੁਲਦਸਤੇ ਸਜਾਉਣ ਤੋਂ ਗੁਰੂ ਜੀ ਨੇ ਸੰਕੋਚ ਕੀਤਾ ਹੈ। ਆਪ ਜੀ ਨੇ ਬ੍ਰਜ ਭਾਸ਼ਾ ਅਤੇ ਕੁਝ ਹਦ ਤਕ ਸਧੁੱਕੜੀ ਭਾਸ਼ਾ ਨੂੰ ਭਾਵ-ਪ੍ਰੇਸ਼ਣ ਦਾ ਸਾਧਨ ਬਣਾਇਆ ਹੈ। ਇਹ ਭਾਸ਼ਾ ਭਗਤੀ ਸਭਿਆਚਾਰ ਦੀ ਕੁਠਾਲੀ ਵਿਚ ਢਲੀ ਹੋਈ ਹੈ। ਇਸ ਤਰ੍ਹਾਂ ਇਹ ਜਨ-ਸੰਘਰਸ਼ ਦੀ ਸਰਬ-ਸਾਂਝੀ ਲਹਿਰ ਦੀ ਸੰਪਰਕ ਭਾਸ਼ਾ ਹੈ।

ਸਮੁੱਚੇ ਤੌਰ'ਤੇ ਗੁਰੂ ਜੀ ਨੇ ਜਿਥੇ ਆਪਣੇ ਬਲਿਦਾਨ ਦੁਆਰਾ ਭਾਰਤੀ ਸਭਿਆਚਾਰ ਨੂੰ ਇਕ ਨਵੀਂ ਬਿਰਤੀ ਨਾਲ ਜੋੜਿਆ ਹੈ, ਉਥੇ ਵੈਰਾਗ ਅਤੇ ਭਗਤੀ ਦਾ ਉਪਦੇਸ਼ ਦੇ ਕੇ ਲੋਕਾਂ ਨੂੰ ਸੰਸਾਰਿਕ ਪ੍ਰਪੰਚ ਵਿਚ ਉਲਝਣ ਤੋਂ ਵਰਜਿਆ ਹੈ। ਆਪ ਨੇ ਬ੍ਰਜ ਭਾਸ਼ਾ ਦਾ ਪੰਜਾਬੀਆਂ ਲਈ ਅਜਨਬੀਪਣਾ ਖ਼ਤਮ ਕਰਕੇ ਉਨ੍ਹਾਂ ਦੇ ਭਾਸ਼ਿਕ ਗਿਆਨ ਨੂੰ ਵਿਸਤਾਰ ਦਿੱਤਾ ਹੈ। ਯੁਕਤੀ ਨਾਲ ਗੱਲ ਸਮਝਾ ਕੇ ਜਿਗਿਆਸੂ ਦੇ ਮਨ ਦੀ ਸਥਿਤੀ ਵਿਚ ਪਰਿਵਰਤਨ ਲਿਆਉਂਦਾ ਹੈ ਅਤੇ ਸੁੰਦਰ ਸ਼ਬਦ-ਵਿਧਾਨ ਰਾਹੀਂ ਸਾਰੀ ਬਾਣੀ ਨੂੰ ਸੁਭਾਸ਼ਿਤਾਂ ਵਰਗਾ ਰੂਪ ਪ੍ਰਦਾਨ ਕੀਤਾ ਹੈ।

**ਸਾਰਣੀ 1:** ਰਾਗਾਂ ਅਨੁਸਾਰ ਗੁਰੂ ਤੇਗ ਬਹਾਦਰ ਦੁਆਰਾ ਰਚਿਤ ਬਾਣੀ ਦਾ ਵਰਣਨ: -

| ਰਾਗ | ਸ਼ਬਦ |
|---|---|
| ਗਉੜੀ | 9 |
| ਆਸਾ | 1 |
| ਬਿਹਾਗੜਾ | 1 |
| ਦੇਵਗੰਧਾਰੀ | 3 |
| ਸੋਰਠਿ | 12 |
| ਧਨਾਸਰੀ | 4 |
| ਜੈਤਸਰੀ | 3 |
| ਟੋਡੀ | 1 |
| ਤਿਲੰਗ | 3 |
| ਬਿਲਾਵਲੁ | 3 |
| ਰਾਮਕਲੀ | 3 |
| ਮਾਰੂ | 3 |
| ਬਸੰਤੁ | 4 |
| ਸਾਰੰਗ | 4 |
| ਜੈਜਾਵੰਤੀ | 4 |
| ਬਸੰਤੁ ਹਿੰਡੋਲ | 1 |

## ਪੁਸਤਕ ਸੂਚੀ


1. ਸਰੂਪ ਦਾਸ, ਮਹਿਮਾ ਪ੍ਰਕਾਸ਼, ਰਚਨਾ ਕਾਲ 1776 ਈ: ਭਾਸ਼ਾ ਵਿਭਾਗ, ਪੰਜਾਬ, ਪਟਿਆਲਾ, ਭਾਗ 2, 1970
2. ਸੁੱਖਾ ਸਿੰਘ, ਭਾਈ, 1912, ਗੁਰ ਬਿਲਾਸ ਪਾਤਸ਼ਾਹੀ 10, ਲਾਲਚੰਦ ਮਾਣਕ ਟਾਹਲਾ ਪੁਸਤਕਾਂ ਵਾਲੇ, ਲੁਹਾਰੀ ਦਰਵਾਜ਼ਾ, ਲਾਹੌਰ
3. ਸੇਵਾ ਸਿੰਘ, ਸ਼ਹੀਦ ਬਿਲਾਸ ਭਾਈ ਮਨੀ ਸਿੰਘ, ਮਹਾਰਾਗ ਰਣਜੀਤ ਸਿੰਘ ਕਾਲ ਵਿਚ ਰਚਿਤ (ਸੰ) ਗਿਆਨੀ ਗਰਜਾ ਸਿੰਘ, ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ, 1961
4. ਕਲਾਲ, ਕੋਇਰ ਸਿੰਘ, 1958, ਗੁਰ ਬਿਲਾਸ ਪਾਤਸ਼ਾਹੀ 10, ਰਚਨਾ ਕਾਲ 1798 ਬਿ: (1741 ਈ.) ਪੰਜਾਬੀ ਯੂਨੀਵਰਸਿਟੀ, ਪਟਿਆਲਾ
5. ਗੰਡਾ ਸਿੰਘ ਡਾ: (ਸੰ), 1967, ਹੁਕਮਨਾਮੇ, ਪੰਜਾਬੀ ਯੂਨੀਵਰਸਿਟੀ, ਪਟਿਆਲਾ, 1967
6. ਗਿਆਨੀ ਗਰਜਾ ਸਿੰਘ, 1961, ਸ਼ਹੀਦ ਬਿਲਾਸ, ਪੰਜਾਬੀ ਸਾਹਿਤ ਅਕਾਦਮੀ, ਲੁਧਿਆਣਾ, 19
7. ਗੁਰੂ ਗੋਬਿੰਦ ਸਿੰਘ, ਦਸਮ ਗ੍ਰੰਥ, ਬਚਿਤ੍ਰ ਨਾਟਕ, ਰਚਨਾ ਕਾਲ 1696-1697 ਈ: ਭਾਈ ਜਵਾਹਰ ਸਿੰਘ ਕ੍ਰਿਪਾਲ ਸਿੰਘ, ਬਜ਼ਾਰ ਮਾਈ ਸੇਵਾਂ, ਅੰਮ੍ਰਿਤਸਰ, 1967.
8. ਗਿਆਨੀ ਗਿਆਨ ਸਿੰਘ, 1970, ਸ੍ਰੀ ਗੁਰੂ ਪੰਥ ਪ੍ਰਕਾਸ਼, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ 1
9. ਕੋਸ਼ਿਸ਼, ਸਰੂਪ ਸਿੰਘ, ਗੁਰੂ ਕੀਆਂ ਸਾਖੀਆਂ, ਸੰਮਤ 1847 ਬਿ: (1790 ਈ) (ਗਿਆਨੀ ਗਰਜਾ ਸਿੰਘ ਤੋਂ ਪ੍ਰਾਪਤ ਗੁਰੂ ਨਾਨਕ ਅਧਿਐਨ ਵਿਭਸਾਗ ਵਿੱਚ ਮੌਜੂਦ)
10. ਛਿਬਰ ਕੇਸਰ ਸਿੰਘ, ਬੰਸਾਵਲੀ ਨਾਮਾ ਦਸਾਂ ਪਾਤਸ਼ਾਹੀਆਂ ਕਾ, ਰਚਨਾ ਕਾਲ 1780 ਈ: ਪਰਖ ਜਿਲਦ 2 ਪੰਜਾਬ ਯੂਨੀਵਰਸਿਟੀ, ਚੰਦੀਗੜ੍ਹ, 1972.
11. ਤਾਰਨ ਸਿੰਘ, ਗੁਰੂ ਤੇਗ ਬਹਾਦਰ ਜੀਵਨ, ਸੰਦੇਸ਼ ਤੇ ਸ਼ਹਾਦਤ, ਪਟਿਆਲਾ: ਪਬਲੀਕੇਸ਼ਨ ਬਿਊਰੋ, ਪੰਜਾਬੀ ਯੂਨੀਵਰਸਿਟੀ, 1998.
12. ਦਿਲ, ਬਲਵੀਰ ਸਿੰਘ (ਡਾ.), ਗੁਰੂ ਤੇਗ ਬਹਾਦਰ ਜੀਵਨ ਤੇ ਰਚਨਾ, ਪਟਿਆਲਾ: ਪਬਲੀਕੇਸ਼ਨ ਬਿਊਰੋ, ਪੰਜਾਬੀ ਯੂਨੀਵਰਸਿਟੀ,2009.
13. ਦਿਲਵਿੰਦਰ ਸਿੰਘ (ਡਾ.), ਗੁਰੂ ਤੇਗ ਬਹਾਦੁਰ ਜੀ ਦੀਆਂ ਯਾਤਰਾਵਾਂ ਲੇਖ, ਸਿੱਖ ਫਿਲਾਸਫੀ ਵੈਬਸਾਈਟ ਨੈਟ।
14. ਬਾਸੂ ਨਿਰਮਲ ਕੁਮਾਰ, ਅਸਾਮ ਇਨ ਦੀ ਅਹੋਮ ਏਜ (1228-1826, ਸੰਸਕ੍ਰਿਤ ਪੁਸਤਕ ਭੰਡਾਰ, ਕਲਕੱਤਾ, 1970, ਪੰਨਾ 46-47.
15. ਭੱਲਾ ਸਰੂਪ ਦਾਸ, 1971, ਮਹਿਮਾ ਪ੍ਰਕਾਸ਼ (ਕਵਿਤਾ) ਭਾਗ ਦੂਜਾ ਭਾਸ਼ਾ ਵਿਭਾਗ ਪੰਜਾਬ, ਪਟਿਆਲਾ
16. ਭਾਈ ਕਾਨ੍ਹ ਸਿੰਘ ਨਾਭਾ ਰਚਿਤ ਗੁਰ ਸ਼ਬਦ ਰਤਨਾਕਰ ਮਹਾਨ ਕੋਸ਼,
17. ਰਤਨ ਸਿੰਘ ਜੱਗੀ (ਡਾ.), ਸਿੱਖ ਪੰਥ ਵਿਸ਼ਵਕੋਸ਼, ਗੁਰ ਰਤਨ ਪਬਲਿਸ਼ਰਜ਼, ਪਟਿਆਲਾ।